ਆਈ.ਜੀ ਫਰੀਦਕੋਟ ਅਤੇ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜਿਲ੍ਹੇ ਦੀਆਂ ਚਾਰੇ ਸਬ-ਡਵੀਜਨਾਂ ਅੰਦਰ "ਈਗਲ-4" ਤਹਿਤ ਕਾਰਡਨ ਐਂਡ ਸਰਚ ਅਪਰੇਸ਼ਨ ਚਲਾਇਆ ਗਿਆ



ਸ੍ਰੀ ਮੁਕਤਸਰ ਸਾਹਿਬ ( )ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ ਡੀ. ਜੀ.ਪੀ ਪੰਜਾਬ ਅਤੇ ਸ. ਗੁਰਸ਼ਰਨ ਸਿੰਘ ਸੰਧੂ ਆਈ.ਜੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲੇ ਅੰਦਰ ਸ਼ਰਾਰਤੀ ਅਨਸਰਾਂ ਅਤੇ ਨਸ਼ਿਆਂ ਦੇ ਸੌਦਾਗਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ। ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਨਾਕਾਬੰਦੀ ਕਰ ਸਰਚ ਅਭਿਆਨ ਚਲਾਏ ਜਾ ਰਹੇ ਹਨ ਅਤੇ ਨਸ਼ੇ ਵੇਚਣ ਵਾਲਿਆਂ ਦੇ ਟਿਕਾਣਿਆਂ ਤੇ ਸਰਚ ਕੀਤਾ ਜਾ ਰਿਹਾ ਹੈ। ਇਸੇ ਤਹਿਤ ਹੀ ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਜੀ ਫਰੀਦਕੋਟ ਅਤੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਦੀ ਅਗਵਾਈ ਹੇਠ ਸਵੇਰੇ 08 ਵਜੇ ਤੋਂ ਜਿਲੇ ਦੀਆਂ ਚਾਰੇ ਸਬ ਡਿਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਵਿੱਖੇ CASO ਅਪ੍ਰੇਸ਼ਨ ਤਹਿਤ ਜਿਲ੍ਹੇ ਅੰਦਰ ਨਸ਼ੇ ਵੇਚਣ ਵਾਲੇ ਸ਼ੱਕੀ ਥਾਵਾਂ ਅਤੇ ਜਿਨਾਂ ਤੇ ਪਹਿਲਾਂ ਐਨ.ਡੀ.ਪੀ.ਐਕਟ ਦੇ ਮਾਮਲੇ ਦਰਜ਼ ਹਨ, ਉਨ੍ਹਾਂ ਦੇ ਘਰਾਂ/ਥਾਵਾਂ ਤੇ ਪੁਲਿਸ ਵੱਲੋਂ ਰੇਡ ਕਰ ਸਰਚ ਕੀਤਾ ਗਿਆ, ਇਸ ਸਰਚ ਅਭਿਆਨ ਦੌਰਾਨ ਸ੍ਰੀ ਮਨਮੀਤ ਸਿੰਘ ਢਿੱਲੋ ਐਸ.ਪੀ(ਡੀ), ਸ. ਸਤਨਾਮ ਸਿੰਘ ਡੀ.ਐਸ.ਪੀ(ਸ੍ਰੀ ਮੁਕਤਸਰ ਸਾਹਿਬ ), ਸ ਜਸਪਾਲ ਸਿੰਘ ਡੀ.ਐਸ.ਪੀ (ਡੀ), ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ), ਸ. ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਪਵਨਜੀਤ ਡੀ.ਐਸ.ਪੀ (ਮਲੋਟ), ਸਮੂਹ ਮੁੱਖ ਅਫਸਰਾਨ ਥਾਣਾ ਤੋਂ ਇਲਾਵਾਂ 550 ਦੇ ਕ੍ਰੀਬ ਪੁਲਿਸ ਅਧਿਕਾਰੀ/ਕ੍ਰਮਚਾਰੀ ਮੌਜੂਦ ਸਨ।